# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 12-11-2025**

ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਭਾਰਤ ਅਤੇ ਕਿਊਬਾ ਨੇ ਹਵਾਨਾ ਵਿਚ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਨੇ , ਜਿਸ ਵਿੱਚ ਅਪਰਾਧਿਕ ਮਾਮਲਿਆਂ ਵਿੱਚ ਆਪਸੀ ਕਾਨੂੰਨੀ ਸਹਾਇਤਾ 'ਤੇ ਇੱਕ ਸੰਧੀ ਤੇ ਸੱਭਿਆਚਾਰਕ ਆਦਾਨ-ਪ੍ਰਦਾਨ ਤੇ ਸਹਿਯੋਗ 'ਤੇ ਇਕ ਪ੍ਰੋਟੋਕੋਲ ਸ਼ਾਮਲ ਏ। ਇਸ ਸਮਝੌਤੇ 'ਤੇ ਕੇਂਦਰੀ ਵਿਦੇਸ਼ ਰਾਜ ਮੰਤਰੀ ਤੇ ਕਿਊਬਾ ਦੇ ਕਾਰਜਕਾਰੀ ਵਿਦੇਸ਼ ਮੰਤਰੀ ਵਿਚਕਾਰ ਇੱਕ ਮੀਟਿੰਗ ਦੌਰਾਨ ਹਸਤਾਖਰ ਕੀਤੇ ਗਏ। ਰਾਜ ਮੰਤਰੀ ਅਤੇ ਕਿਊਬਾ ਦੇ ਵਿਦੇਸ਼ ਮੰਤਰੀ ਨੇ ਮੀਟਿੰਗ ਦੌਰਾਨ ਦੁਵੱਲੇ ਸਹਿਯੋਗ ਵਿੱਚ ਪ੍ਰਗਤੀ ਦੀ ਸਮੀਖਿਆ ਵੀ ਕੀਤੀ ਅਤੇ ਦਿਲਚਸਪੀ ਦੇ ਖੇਤਰਾਂ ਵਿੱਚ ਸ਼ਮੂਲੀਅਤ ਵਧਾਉਣ 'ਤੇ ਚਰਚਾ ਕੀਤੀ।

---------------------------------------------------------------------------

ਪੰਜਾਬ ਵਿੱਚ ਸੂਬੇ ਭਰ ਦੇ 35,000 ਤੋਂ ਵੱਧ ਸਕੂਲਾਂ ਦੇ 70 ਲੱਖ ਵਿਦਿਆਰਥੀਆਂ ਨੂੰ ਸਵੇਰ ਦੀਆਂ ਵਿਸ਼ੇਸ਼ ਸਭਾਵਾਂ ਦੌਰਾਨ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਜੀਵਨ, ਸਰਵਉੱਚ ਕੁਰਬਾਨੀ ਤੇ ਸਿੱਖਿਆਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਏ। ਇਹ ਗੁਰੂ ਜੀ ਦੁਆਰਾ ਦਰਸਾਏ ਗਏ ਧਾਰਮਿਕਤਾ, ਸੱਚਾਈ ਤੇ ਨਿਆਂ ਦੀਆਂ ਕਦਰਾਂ ਕੀਮਤਾਂ ਨੂੰ ਨੌਜਵਾਨ ਮਨਾਂ ਵਿਚ ਸਥਾਪਿਤ ਕਰਨ ਲਈ ਕੀਤਾ ਜਾ ਰਿਹਾ ਏ। ਨਰਸਰੀ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕਲ ਤੋਂ ਸ਼ੁਰੂ ਕੀਤਾ ਗਿਆ ਇਹ 15 ਦਿਨਾਂ ਦਾ ਲਾਜ਼ਮੀ ਸਿੱਖਿਆ ਮਾਡਿਊਲ 30 ਨਵੰਬਰ ਤੱਕ ਸਾਰੇ ਸਕੂਲਾਂ ਵਿਚ ਕਰਵਾਇਆ ਜਾਵੇਗਾ, ਭਾਵੇ ਉਹ ਕਿਸੇ ਵੀ ਬੋਰਡ ਨਾਲ ਸਬੰਧਿਤ ਹੋਣ। ਰਾਜ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਨੌਵੇਂ ਗੁਰੂ, ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਸਬੰਧੀ ਪੰਜਾਬ ਸਰਕਾਰ ਦੁਆਰਾ ਆਯੋਜਿਤ ਸਮਾਗਮਾਂ ਦੀ ਲੜੀ ਦੇ ਹਿੱਸੇ ਵਜੋਂ ਸਵੇਰ ਦੀਆਂ ਸਭਾਵਾਂ ਦਾ ਇਹ ਸੈਸ਼ਨ ਸਿਖਿਆ ਚ ਨੈਤਿਕ ਕਦਰਾਂ-ਕੀਮਤਾਂ ਤੇ ਵਿਰਾਸਤ ਨੂੰ ਸ਼ਾਮਿਲ ਕਰਨ ਤੇ ਨੌਜਵਾਨ ਮਨਾਂ ਚ ਗੁਰੂ ਜੀ ਦੀ ਸਥਾਈ ਵਿਰਾਸਤ ਨੂੰ ਭਰਨ ਲਈ ਸ਼ੁਰੂ ਕੀਤਾ ਗਿਆ ਏ।

---------------------------------------------------------------------

ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਲੁਧਿਆਣੇ ਦੇ ਬੁੱਢੇ ਦਰਿਆ ਵਿਚ ਪੈ ਰਹੇ ਗੰਦੇ ਪਾਣੀਆਂ ਨੂੰ ਲੈ ਕੇ ਲੁਧਿਆਣਾ ਪ੍ਰਸ਼ਾਸ਼ਨ ਦੀ ਤਿੱਖੀ ਅਲੋਚਨਾ ਕੀਤੀ ਏ। ਉਨ੍ਹਾਂ ਗਊਘਾਟ ਜਾ ਕੇ ਜਮਾਲਪੁਰ ਡਰੇਨ ਦਾ ਗੰਦਾ ਪਾਣੀ ਬੁੱਢੇ ਦਰਿਆ ਵਿੱਚ ਜਾਣ 'ਤੇ ਅਧਿਕਾਰੀਆਂ ਦੀ ਕਾਰਗਜ਼ਾਰੀ 'ਤੇ ਤਿੱਖੇ ਸਵਾਲ ਉਠਾਦਿਆ ਕਿਹਾ ਕਿ ਜੇਕਰ ਇਹ ਅਧਿਕਾਰੀ ਇਕ ਰਾਜ ਸਭਾ ਮੈਂਬਰ ਦੀ ਸੁਣਵਾਈ ਨਹੀਂ ਕਰ ਰਹੇ ਤਾਂ ਫਿਰ ਆਮ ਲੋਕਾਂ ਦੀ ਕਿਵੇਂ ਸੁਣਦੇ ਹੋਣਗੇ। ਓਹਨਾ ਆਮ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਮਾਮਲੇ ਵਿਰੁੱਧ ਅਵਾਜ਼ ਬੁਲੰਦ ਕਰਨ। ਸੰਤ ਸੀਚੇਵਾਲ ਨੇ ਕਿਹਾ ਕਿ ਉਹ ਇਸ ਬਾਰੇ ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਨੂੰ ਵੀ ਜਾਣੂ ਕਰਵਾਉਣਗੇ ਤਾਂਕਿ ਅਜਿਹੇ ਅਧਿਕਾਰੀਆਂ ਦੀ ਜ਼ਿਮੇਵਾਰੀ ਤੈਅ ਹੋਵੇ ਤੇ ਉਨ੍ਹਾਂ ਨੂੰ ਜਵਾਬਦੇਹ ਬਣਾਇਆ ਜਾ ਸਕੇ।

**byte**

---------------------------------------------------------------------------------

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਟਰੀਟਮੈਂਟ ਪਲਾਂਟਾਂ 'ਤੇ 650 ਕਰੋੜ ਰੁਪਏ ਖਰਚ ਕਰ ਦਿੱਤੇ ਨੇ, ਪਰ ਗੰਦਾ ਪਾਣੀ ਫਿਰ ਵੀ ਬੁੱਢੇ ਦਰਿਆ ਵਿੱਚ ਪੈ ਰਿਹਾ ਏ। ਸੰਤ ਸੀਚੇਵਾਲ ਨੇ ਕਿਹਾ

ਕਿ ਜਿਲ੍ਹੇ ਦੇ ਅਧਿਕਾਰੀ ਪੰਜਾਬ ਸਰਕਾਰ ਦੀ ਬਦਨਾਮੀ ਕਰਵਾਉਣ ਦਾ ਸਬੱਬ ਬਣ ਰਹੇ ਨੇ ।

--------------------------------------------------------------------------------

ਸੂਬਾ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਨੂੰ ਮਾਨਤਾ ਦਿੰਦਿਆਂ ਭਾਰਤ ਸਰਕਾਰ ਨੇ ਵਪਾਰ ਸੁਧਾਰ ਕਾਰਜ ਯੋਜਨਾ (ਬੀ.ਆਰ.ਏ.ਪੀ.) 2024 ਤਹਿਤ ਪੰਜਾਬ ਨੂੰ "ਟਾਪ ਅਚੀਵਰ" ਦੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਏ । ਕੇਂਦਰੀ ਵਣਜ ਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕੌਮੀ ਰਾਜਧਾਨੀ ਵਿਖੇ ਕਰਵਾਏ ਸਮਾਗਮ ਦੌਰਾਨ ਸੂਬੇ ਨੂੰ ਇਹ ਪੁਰਸਕਾਰ ਪ੍ਰਦਾਨ ਕੀਤਾ। ਪੰਜਾਬ ਨੇ ਭਾਰਤ ਵਿਚ ਪੰਜ ਮੁੱਖ ਸੁਧਾਰ ਖੇਤਰਾਂ ਜਿਵੇਂ ਬਿਜਨੈਸ ਐਂਟਰੀ, ਨਿਰਮਾਣ ਪਰਮਿਟ ਪ੍ਰਾਪਤਕਰਤਾ, ਨਿਵੇਸ਼ ਪ੍ਰਾਪਤਕਰਤਾ, ਖੇਤਰ-ਵਿਸ਼ੇਸ਼ ਸਿਹਤ ਸੰਭਾਲ ਅਤੇ ਸੇਵਾਵਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ ਏ । ਭਾਰਤ ਸਰਕਾਰ ਦੇ ਉਦਯੋਗ ਪ੍ਰਮੋਸ਼ਨ ਤੇ ਅੰਦਰੂਨੀ ਵਪਾਰ ਵਿਭਾਗ ਨੇ ਵਪਾਰ ਸੁਧਾਰ ਕਾਰਜ ਯੋਜਨਾ (ਬੀ.ਆਰ.ਏ.ਪੀ.) 2024 ਦੇ ਤਹਿਤ ਪੰਜਾਬ ਨੂੰ "ਟਾਪ ਅਚੀਵਰ" ਵਜੋਂ ਮਾਨਤਾ ਦਿੱਤੀ ਏ । ਇਹ ਮਾਨਤਾ ਇਕ ਕਾਰੋਬਾਰ ਕਰਨ ਵਿਚ ਸੌਖ ਸਬੰਧੀ ਸੂਬੇ ਦੀ ਅਗਵਾਈ ਦੀ ਪੁਸ਼ਟੀ ਕਰਦੀ ਏ ।

-----------------------------------------------------------------------------

ਪੰਜਾਬ ਨੂੰ ਸੁਰੱਖਿਅਤ ਰੱਖਣ ਦੀਆਂ ਆਪਣੀਆਂ ਕੋਸ਼ਿਸ਼ਾਂ ਨੂੰ ਜਾਰੀ ਰੱਖਦੇ ਹੋਏ, ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (AGTF) ਅਤੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਪਿਛਲੇ 24 ਘੰਟਿਆਂ ਵਿੱਚ ਅੰਮ੍ਰਿਤਸਰ, ਬਟਾਲਾ ਅਤੇ ਫਿਰੋਜ਼ਪੁਰ ਤੋਂ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਇਹ ਸਰਹੱਦ ਪਾਰ ਤੋਂ ਹਥਿਆਰਾਂ ਦੀ ਤਸਕਰੀ ਅਤੇ ਸੂਬੇ ਵਿੱਚ ਟਾਰਗੇਟ ਕਿਲਿੰਗ ਦੀਆਂ ਯੋਜਨਾਵਾਂ ਵਿੱਚ ਸ਼ਾਮਲ ਸਨ । ਇਨ੍ਹਾਂ ਦੇ ਕਬਜ਼ੇ ਵਿੱਚੋਂ 6 ਆਧੁਨਿਕ ਪਿਸਤੌਲ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ । ਪੁਲਿਸ ਸੂਤਰਾਂ ਅਨੁਸਾਰ, ਇਹ ਪੰਜਾਬ ਵਿੱਚ ਗੜਬੜ ਪੈਦਾ ਕਰਨ ਲਈ ਆਪਣੇ ਪਾਕਿਸਤਾਨ ਅਤੇ ਯੂਕੇ ਸਥਿਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ । ਹੋਰ ਜਾਂਚ ਜਾਰੀ ਏ ।